# ਮੁੱਖ ਮੰਤਰੀ ਨੇ ਰੰਗਲਾ ਪੰਜਾਬ ਨੂੰ ਨਸ਼ੀਲਾ ਪੰਜਾਬ ਬਣਾਇਆ : ਹਰਸਿਮਰਤ ਕੌਰ ਬਾਦਲ



**ਕੋਟਕਪੂਰਾ, 11 ਅਕਤੂਬਰ (ਗੁਰਪ੍ਰੀਤ ਸਿੰਘ ਔਲਖ)**: ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਸਰਦਾਰਨੀ ਹਰਸਿਮਰਤ ਕੌਰ ਬਾਦਲ ਨੇ ਅੱਜ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਨੇ ਰੰਗਲਾ ਪੰਜਾਬ ਨੂੰ ਨਸ਼ੀਲਾ ਪੰਜਾਬ ਬਣਾ ਦਿੱਤਾ ਹੈ ਤੇ ਕਿਹਾ ਕਿ ਸੂਬੇ ਦੀਆਂ ਔਰਤਾਂ ਇਕਜੁੱਟ ਹੋ ਕੇ ਨਸ਼ਾ ਮਾਫੀਆ ਨਾਲ ਨਜਿੱਠਣਗੀਆਂ। ਬਠਿੰਡਾ ਦੇ ਐਮ ਪੀ, ਜਿਹਨਾਂ ਨੇ ਜੈਤੋਂ ਤੇ ਕੋਟਕਪੂਰਾ ਵਿਚ ਸੂਬਾ ਸਿੰਘ ਬਾਦਲ ਤੇ ਮਨਤਾਰ ਸਿੰਘ ਬਰਾੜ ਨਾਲ ਮਿਲ ਕੇ ਵਿਸ਼ਾਲ ਮਹਿਲਾ ਰੈਲੀਆਂ ਨੂੰ ਸੰਬੋਧਨ ਕੀਤਾ, ਨੇ ਕਿਹਾ ਕਿ ਮੁੱਖ ਮੰਤਰੀ ਜੋ ਚਾਰ ਮਹੀਨਿਆਂ ਵਿਚ ਨਸ਼ੇ ਖ਼ਤਮ ਕਰਨ ਦੇ ਵਾਅਦੇ ਨੂੰ ਪੂਰੇ ਕਰਨ ਵਿਚ ਅਸਫਲ ਰਹੇ, ਹੁਣ ਔਰਤਾਂ ਨੂੰ 3-3 ਹਜ਼ਾਰ ਰੁਪਏ ਦੇ ਕੇ ਆਪਣੇ ਵੱਲ ਕਰਨਾ ਚਾਹੁੰਦੇ ਹਨ ਜਦੋਂ ਕਿ ਔਰਤਾਂ ਦਾ 60-60 ਹਜ਼ਾਰ ਰੁਪਿਆ ਬਕਾਇਆ ਬਣਦਾ ਹੈ। ਸਰਦਾਰਨੀ ਬਾਦਲ ਨੇ ਜ਼ੋਰ ਦੇ ਕੇ ਕਿਹਾ ਕਿ ਮਹਿਲਾਵਾਂ ਨੇ ਹੁਣ ਸਾਰਾ ਮਾਮਲਾ ਆਪਣੇ ਹੱਥਾਂ ਵਿਚ ਲੈਣ ਦਾ ਫੈਸਲਾ ਕੀਤਾ ਹੈ। ਉਹਨਾਂ ਕਿਹਾ ਕਿ ਉਹ ਮਾਈ ਭਾਗੋ ਦੀ ਫੌਜ ਦੇ ਫਾਰਮ ਭਰ ਰਹੀਆਂ ਹਨ ਜੋ ਨਸ਼ਾ ਤਸਕਰੀ ਦੇ ਖਿਲਾਫ ਵੱਡੇ ਸਾਧਨ ਵਜੋਂ ਕੰਮ ਕਰਨਗੇ। ਉਹਨਾਂ ਕਿਹਾ ਕਿ ਇਹ ਫੌਜ ਪਿੰਡਾਂ ਤੇ ਮੁਹੱਲਿਆਂ ਵਿਚ ਨਸ਼ਿਆਂ ਨਾਲ ਸਬੰਧਤ ਸਾਰਾ ਕੁਝ ਦਰਜ ਕਰਨਗੀਆਂ। ਉਹਨਾਂ ਕਿਹਾ ਕਿ ਅਗਲੀ ਅਕਾਲੀ ਦਲ ਦੀ ਸਰਕਾਰ ਬਣਨ 'ਤੇ ਇਹ ਔਰਤਾਂ ਨਸ਼ਾ ਤਸਕਰਾਂ ਦੇ ਵੇਰਵੇ ਵਾਲੇ ਇਹ ਫਾਰਮ ਪੁਲਿਸ ਨੂੰ ਦੇਣਗੀਆਂ ਜਿਸ ਵਿਚ ਇਹ ਵੇਰਵੇ ਵੀ ਹੋਣਗੇ ਕਿ ਇਹ ਨਸ਼ਾ ਤਸਕਰ ਭਾਵੇਂ ਆਮ ਆਦਮੀ ਪਾਰਟੀ ਨਾਲ ਸਬੰਧਤ ਹਨ ਜਾਂ ਪੁਲਿਸ ਮੁਲਾਜ਼ਮਾਂ ਜਿਸ ਨਾਲ ਵੀ ਸਬੰਧਤ ਹਨ। ਉਹਨਾਂ ਕਿਹਾ ਕਿ ਅਸੀਂ ਇਕ ਮਹਿਲਾ ਡੀ ਜੀ ਪੀ ਅਗਵਾਈ ਹੇਠ ਇਕ ਵਿਸ਼ੇਸ਼ ਟਾਸਕ ਫੋਰਸ ਗਠਿਤ ਕਰਾਂਗੇ ਜੋ ਇਹਨਾਂ ਸਾਰੀਆਂ ਸ਼ਿਕਾਇਤਾਂ ਦੀ ਘੋਖ ਕਰੇਗੀ ਅਤੇ ਇਹਨਾਂ ਗੁਨਾਹਗਾਰਾਂ ਦੇ ਖਿਲਾਫ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਹਨਾਂ ਇਹ ਵੀ ਐਲਾਨ ਕੀਤਾ ਕਿ ਮਾਈ ਭਾਗ ਦੀ ਫੌਜ ਦੇ ਹਲਕਾ ਪੱਧਰ ਦੇ ਕੋਆਰਡੀਨੇਟਰ ਨਿਯੁਕਤ ਕੀਤੇ ਜਾ ਰਹੇ ਹਨ। ਉਹਨਾਂ ਨੇ ਔਰਤਾਂ ਨੂੰ ਭਰੋਸਾ ਦੁਆਇਆ ਕਿ ਨਸ਼ਾ ਤਸਕਰ ਤੇ ਉਹਨਾਂ ਦੇ ਆਕਾ ਨੂੰ ਉਹਨਾਂ ਦੇ ਵਿਚਾਲੇ ਨਹੀਂ ਰਹਿਣਗੇ। ਉਹਨਾਂ ਕਿਹਾ ਕਿ ਅਸੀ ? ਕਾਨੂੰਨ ਲਿਆ ਕੇ ਉਹਨਾਂ ਨੂੰ 10 ਸਾਲ ਤੱਕ ਜ਼ਮਾਨਤ ਨਾ ਮਿਲਣੀ ਯਕੀਨੀ ਬਣਾਵਾਂਗੇ ਅਤੇ ਉਹਨਾਂ ਦੀਆਂ ਸਾਰੀਆਂ ਜਾਇਦਾਦਾਂ ਜ਼ਬਤ ਕੀਤੀਆਂ ਜਾਣਗੀਆਂ। ਸਰਦਾਰਨੀ ਬਾਦਲ ਨੇ ਇਹ ਵੀ ਦੱਸਿਆ ਕਿ ਕਿਵੇਂ ਆਪ ਦੇ ਰਾਜ ਵਿਚ ਪੰਜਾਬ ਨਸ਼ਿਆਂ ਦੇ ਪਸਾਰ ਵਿਚ ਨੰਬਰ ਇਕ 'ਤੇ ਹੈ ਅਤੇ ਨਸ਼ਿਆਂ ਦੀ ਓਵਰਡੋਜ਼ ਨਾਲ ਮੌਤਾਂ ਦੇ ਮਾਮਲੇ ਵਿਚ ਦੂਜੇ ਨੰਬਰ 'ਤੇ ਹੈ। ਉਹਨਾਂ ਨੇ ਇਹ ਗੱਲ ਵੀ ਕੀਤੀ ਕਿ ਕਿਵੇਂ ਪੰਜਾਬ ਨੂੰ ਦਿੱਲੀ ਦੇ ਲੁਟੇਰਿਆਂ ਤੋਂ ਮੁਕਤ ਕਰਵਾਉਣ ਦੀ ਜ਼ਰੂਰਤ ਹੈ। ਉਹਨਾਂ ਜ਼ੋਰ ਦੇ ਕੇ ਕਿਹਾ ਕਿ ਇਹ ਲੁਟੇਰੇ ਚੇਂਜ ਆਫ ਲੈਂਡ ਯੂਜ਼ (ਸੀ ਐਲ ਯੂ) ਦੇ ਨਾਮ 'ਤੇ 10 ਹਜ਼ਾਰ ਕਰੋੜ ਰੁਪਏ ਦੀ ਲੁੱਟ ਲਈ ਜ਼ਿੰਮੇਵਾਰ ਹਨ। ਇਹਨਾਂ ਦੇ ਖਿਲਾਫ ਮੁੱਖ ਮੰਤਰੀ ਦਫਤਰ ਵਿਚ ਤਾਇਨਾਤੀਆਂ ਤੇ ਤਬਾਦਲਿਆਂ ਵਾਸਤੇ ਸੀ ਬੀ ਆਈ ਜਾਂਚ ਚਲ ਰਹੀ ਹੈ। ਉਹਨਾਂ ਕਿਹਾ ਕਿ ਅਸੀਂ ਜਾਣਦੇ ਹਾਂ ਕਿ ਮੁੱਖ ਮੰਤਰੀ ਦੀ ਪਤਨੀ ਗੁਰਪ੍ਰੀਤ ਕੌਰ ਮਾਨ ਨੇ ਜ਼ਬਰ ਜਨਾਹ ਦੇ ਮੁਲਜ਼ਮ ਨੂੰ ਜੇਲ੍ਹ ਵਿਚੋਂ ਰਿਹਾਅ ਕਰਵਾਉਣ ਵਾਸਤੇ 5 ਕਰੋੜ ਰੁਪਏ ਵਿਚ ਕਿਵੇਂ ਸੌਦੇਬਾਜ਼ੀ ਕੀਤੀ। ਉਹਨਾਂ ਕਿਹਾ ਕਿ ਹੁਣ ਬਹੁਤ ਹੋ ਗਿਆ। ਉਹਨਾਂ ਕਿਹਾ ਕਿ ਪੰਜਾਬ ਦੀਆਂ ਔਰਤਾਂ ਇਕਜੁੱਟ ਹੋ ਕੇ ਹੁਣ ਆਪ ਨੂੰ ਸੂਬੇ ਵਿਚੋਂ ਬਾਹਰ ਕਰ ਦੇਣਗੀਆਂ

# ਨਾਭਾ ਦੀ ਅਨਾਜ ਮੰਡੀ 'ਚ ਮੀਂਹ ਨੇ ਖੋਲ੍ਹੀ ਸਰਕਾਰੀ ਪ੍ਰਬੰਧਾਂ ਦੀ ਪੋਲ, ਕਿਸਾਨਾਂ ਦੀ ਫ਼ਸਲ ਦੀ ਸੁਰੱਖਿਆ 'ਤੇ ਉੱਠੇ ਸਵਾਲ: ਕੈਂਥ



**ਨਾਭਾ, 11 ਅਕਤੂਬਰ (ਸ਼ੁਭਮ ਜਿੰਦਲ ਰਾਕੇਸ਼ ਜਿੰਦਲ)**: ਭਾਰਤੀ ਜਨਤਾ ਪਾਰਟੀ ਅਨੁਸੂਚਿਤ ਜਾਤੀ ਮੋਰਚਾ, ਪੰਜਾਬ ਦੇ ਉਪ-ਪ੍ਰਧਾਨ ਪਰਮਜੀਤ ਸਿੰਘ ਕੈਂਥ ਨੇ ਨਾਭਾ ਦੀ ਅਨਾਜ ਮੰਡੀ ਵਿੱਚ ਮੀਂਹ ਤੋਂ ਬਾਅਦ ਸਾਹਮਣੇ ਆਏ ਹਾਲਾਤ ਨੂੰ ਲੈ ਕੇ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ 'ਤੇ ਤਿੱਖਾ ਹਮਲਾ ਕੀਤਾ। ਉਨ੍ਹਾਂ ਕਿਹਾ ਕਿ ਮੀਂਹ ਨੇ ਮੰਡੀ ਪ੍ਰਬੰਧਾਂ ਅਤੇ ਸਰਕਾਰ ਦੀਆਂ ਤਿਆਰੀਆਂ ਦੀ ਪੋਲ ਖੋਲ੍ਹ ਦਿੱਤੀ ਹੈ। ਕਿਸਾਨਾਂ ਦੀ ਫ਼ਸਲ ਦੀ ਸੁਰੱਖਿਆ ਯਕੀਨੀ ਬਣਾਉਣਾ ਸਰਕਾਰ ਅਤੇ ਸਬੰਧਤ ਪ੍ਰਸ਼ਾਸਨ ਦੀ ਜ਼ਿੰਮੇਵਾਰੀ ਹੈ। ਕੈਂਥ ਨੇ ਕਿਹਾ ਕਿ ਪੰਜਾਬ ਦਾ ਕਿਸਾਨ ਕਈ ਮਹੀਨਿਆਂ ਦੀ ਸਖ਼ਤ ਮਿਹਨਤ ਨਾਲ ਝੋਨੇ ਦੀ ਫ਼ਸਲ ਤਿਆਰ ਕਰਦਾ ਹੈ। ਮਹਿੰਗੇ ਬੀਜ, ਖਾਦ, ਡੀਜ਼ਲ, ਸਿੰਜਾਈ ਅਤੇ ਮਜ਼ਦੂਰੀ 'ਤੇ ਆਪਣੀ ਪੂੰਜੀ ਖ਼ਰਚ ਕਰਨ ਤੋਂ ਬਾਅਦ ਜਦੋਂ ਕਿਸਾਨ ਆਪਣੀ ਫ਼ਸਲ ਮੰਡੀ ਵਿੱਚ ਲੈ ਕੇ ਪਹੁੰਚਦਾ ਹੈ, ਤਾਂ ਉਸ ਨੂੰ ਫ਼ਸਲ ਦੀ ਸੁਰੱਖਿਆ ਅਤੇ ਸਮੇਂ ਸਿਰ ਖ਼ਰੀਦ ਦਾ ਭਰੋਸਾ ਮਿਲਣਾ ਚਾਹੀਦਾ ਹੈ। ਜੇਕਰ ਮੀਂਹ ਦੌਰਾਨ ਪਾਣੀ ਦੀ ਨਿਕਾਸੀ ਅਤੇ ਫ਼ਸਲ ਨੂੰ ਸੁਰੱਖਿਅਤ ਰੱਖਣ ਦੇ ਪੁਖ਼ਤਾ ਪ੍ਰਬੰਧ ਨਹੀਂ ਹਨ, ਤਾਂ ਇਹ ਸਰਕਾਰੀ ਪ੍ਰਬੰਧਾਂ 'ਤੇ ਗੰਭੀਰ ਸਵਾਲ ਖੜ੍ਹੇ ਕਰਦਾ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਇਸ਼ਤਿਹਾਰਬਾਜ਼ੀ ਅਤੇ ਸਿਆਸੀ ਦਾਅਵਿਆਂ ਤੋਂ ਬਾਹਰ ਨਿਕਲ ਕੇ ਮੰਡੀਆਂ ਦੀ ਅਸਲ ਸਥਿਤੀ ਬਾਰੇ ਜਵਾਬ ਦੇਣਾ ਚਾਹੀਦਾ ਹੈ। ਜਦੋਂ ਝੋਨੇ ਦੀ ਖ਼ਰੀਦ ਦਾ ਸੀਜ਼ਨ ਪਹਿਲਾਂ ਤੋਂ ਨਿਰਧਾਰਤ ਹੁੰਦਾ ਹੈ, ਤਾਂ ਮੀਂਹ ਨਾਲ ਨਜਿੱਠਣ ਲਈ ਪੁਖ਼ਤਾ ਪ੍ਰਬੰਧ ਪਹਿਲਾਂ ਕਿਉਂ ਨਹੀਂ ਕੀਤੇ ਗਏ? ਕਿਸਾਨਾਂ ਨੂੰ ਵਾਰ-ਵਾਰ ਪ੍ਰਬੰਧਕੀ ਕਮੀਆਂ ਦਾ ਸਾਹਮਣਾ ਕਿਉਂ ਕਰਨਾ ਪੈਂਦਾ ਹੈ? ਭਾਜਪਾ ਆਗੂ ਨੇ ਪੰਜਾਬ ਸਰਕਾਰ, ਮੰਡੀ ਬੋਰਡ ਅਤੇ ਸਬੰਧਤ ਅਧਿਕਾਰੀਆਂ ਤੋਂ ਮੰਗ ਕੀਤੀ ਕਿ ਨਾਭਾ ਦੀ ਅਨਾਜ ਮੰਡੀ ਦਾ ਤੁਰੰਤ ਨਿਰੀਖਣ ਕੀਤਾ ਜਾਵੇ। ਪਾਣੀ ਦੀ ਨਿਕਾਸੀ, ਤਰਪਾਲਾਂ ਦੀ ਉਪਲਬਧਤਾ, ਫ਼ਸਲ ਦੀ ਸੁਰੱਖਿਆ ਅਤੇ ਝੋਨੇ ਦੀ ਖ਼ਰੀਦ ਤੇ ਚੁਕਾਈ ਦੇ ਪ੍ਰਬੰਧਾਂ ਨੂੰ ਤੁਰੰਤ ਸੁਧਾਰਿਆ ਜਾਵੇ। ਜੇਕਰ ਜਾਂਚ ਦੌਰਾਨ ਲਾਪਰਵਾਹੀ ਸਾਹਮਣੇ ਆਉਂਦੀ ਹੈ, ਤਾਂ ਜ਼ਿੰਮੇਵਾਰ ਅਧਿਕਾਰੀਆਂ ਦੀ ਜਵਾਬਦੇਹੀ ਤੈਅ ਕਰਕੇ ਕਾਰਵਾਈ ਕੀਤੀ ਜਾਵੇ। ਕੈਂਥ ਨੇ ਕਿਹਾ ਕਿ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਸਿਰਫ਼ ਭਾਸ਼ਣਾਂ ਅਤੇ ਐਲਾਨਾਂ ਨਾਲ ਨਹੀਂ, ਸਗੋਂ ਜ਼ਮੀਨੀ ਪੱਧਰ 'ਤੇ ਪ੍ਰਭਾਵਸ਼ਾਲੀ ਪ੍ਰਬੰਧਾਂ ਨਾਲ ਹੁੰਦੀ ਹੈ। ਭਗਵੰਤ ਮਾਨ ਸਰਕਾਰ ਸਪੱਸ਼ਟ ਕਰੇ ਕਿ ਕਿਸਾਨਾਂ ਦੀ ਫ਼ਸਲ ਨੂੰ ਮੀਂਹ ਤੋਂ ਬਚਾਉਣ ਲਈ ਕੀ ਪ੍ਰਬੰਧ ਕੀਤੇ ਗਏ ਸਨ ਅਤੇ ਹੁਣ ਕਮੀਆਂ ਨੂੰ ਦੂਰ ਕਰਨ ਲਈ ਕੀ ਕਦਮ ਚੁੱਕੇ ਜਾ ਰਹੇ ਹਨ।

# ਅਕਾਲ ਯੂਨੀਵਰਸਿਟੀ ਦੀਆਂ ਖਿਡਾਰਨਾਂ ਨੇ 'ਖੇਡਾਂ ਵਤਨ ਪੰਜਾਬ ਦੀਆਂ' 'ਚ ਮਾਰੀਆਂ ਮੱਲਾਂ



**ਤਲਵੰਡੀ ਸਾਬੋ, 11 ਅਕਤੂਬਰ (ਰਾਣਾ ਸ਼ਰਮਾਂ)**: ਪੰਜਾਬ ਸਰਕਾਰ ਦੇ ਖੇਡ ਵਿਭਾਗ ਵੱਲੋਂ ਕਰਵਾਈਆਂ ਜਾ ਰਹੀਆਂ 'ਖੇਡਾਂ ਵਤਨ ਪੰਜਾਬ ਦੀਆਂ-2026' ਤਹਿਤ ਬਠਿੰਡਾ ਵਿਖੇ ਹੋਏ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਵਿੱਚ ਅਕਾਲ ਯੂਨੀਵਰਸਿਟੀ, ਤਲਵੰਡੀ ਸਾਬੋ ਦੀਆਂ ਖਿਡਾਰਨਾਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਯੂਨੀਵਰਸਿਟੀ ਦਾ ਨਾਂ ਰੌਸ਼ਨ ਕੀਤਾ ਹੈ। ਮਹਿਲਾ ਹਾਕੀ ਟੀਮ ਨੇ ਚਾਂਦੀ ਦਾ ਤਗਮਾ ਜਿੱਤ ਕੇ ਦੂਜਾ ਸਥਾਨ ਹਾਸਲ ਕੀਤਾ, ਜਦਕਿ ਫੈਂਸਿੰਗ ਦੇ ਅੰਡਰ-21 ਵਰਗ ਵਿੱਚ ਯੂਨੀਵਰਸਿਟੀ ਦੀ ਵਿਦਿਆਰਥਣ ਗੁਰਅੰਸ਼ਵੀਰ ਕੌਰ ਨੇ ਸੋਨ ਤਗਮਾ ਜਿੱਤ ਕੇ ਆਪਣੀ ਖੇਡ ਪ੍ਰਤਿਭਾ ਦਾ ਲੋਹਾ ਮਨਵਾਇਆ। ਜ਼ਿਲ੍ਹਾ ਪੱਧਰੀ ਹਾਕੀ ਮੁਕਾਬਲਿਆਂ ਵਿੱਚ ਯੂਨੀਵਰਸਿਟੀ ਦੇ ਵੱਖ-ਵੱਖ ਵਿਭਾਗਾਂ ਦੀਆਂ 19 ਖਿਡਾਰਨਾਂ ਨੇ ਹਿੱਸਾ ਲਿਆ। ਟੂਰਨਾਮੈਂਟ ਦੌਰਾਨ ਟੀਮ ਨੇ ਬਿਹਤਰੀਨ ਖੇਡ, ਆਪਸੀ ਤਾਲਮੇਲ, ਸਖ਼ਤ ਮਿਹਨਤ ਅਤੇ ਦ੍ਰਿੜ੍ਹ ਇਰਾਦੇ ਦਾ ਪ੍ਰਦਰਸ਼ਨ ਕਰਦਿਆਂ ਦੂਜਾ ਸਥਾਨ ਹਾਸਲ ਕੀਤਾ। ਚਾਂਦੀ ਦਾ ਤਗਮਾ ਜਿੱਤਣ ਵਾਲੀ ਟੀਮ ਵਿੱਚ ਕਾਮਰਸ ਵਿਭਾਗ ਦੀਆਂ ਬਰਕਤਵੀਰ ਕੌਰ, ਅਰਸ਼ਪ੍ਰੀਤ ਕੌਰ, ਹਰਪ੍ਰੀਤ ਕੌਰ, ਕੁਦਰਤਪ੍ਰੀਤ ਕੌਰ, ਅੰਮ੍ਰਿਤਪਾਲ ਕੌਰ, ਪ੍ਰਦੀਪ ਕੌਰ, ਪੂਨਮਪ੍ਰੀਤ ਕੌਰ, ਗੁਰਲੀਨ ਕੌਰ ਅਤੇ ਗੁਰਮਨਪ੍ਰੀਤ ਕੌਰ ਸ਼ਾਮਲ ਸਨ। ਖਿਡਾਰਨਾਂ ਦੀਆਂ ਇਨ੍ਹਾਂ ਪ੍ਰਾਪਤੀਆਂ 'ਤੇ ਅਕਾਲ ਯੂਨੀਵਰਸਿਟੀ ਦੇ ਪ੍ਰਬੰਧਕਾਂ ਵੱਲੋਂ ਉਨ੍ਹਾਂ ਨੂੰ ਵਧਾਈ ਦਿੱਤੀ ਗਈ। ਯੂਨੀਵਰਸਿਟੀ ਪ੍ਰਸ਼ਾਸਨ ਨੇ ਕਿਹਾ ਕਿ ਇਹ ਪ੍ਰਾਪਤੀਆਂ ਵਿਦਿਆਰਥਣਾਂ ਦੀ ਮਿਹਨਤ, ਲਗਨ ਅਤੇ ਖੇਡਾਂ ਪ੍ਰਤੀ ਸਮਰਪਣ ਦਾ ਨਤੀਜਾ ਹਨ। ਉਨ੍ਹਾਂ ਭਰੋਸਾ ਦਿੱਤਾ ਕਿ ਯੂਨੀਵਰਸਿਟੀ ਵੱਲੋਂ ਵਿਦਿਆਰਥੀਆਂ ਨੂੰ ਖੇਡਾਂ ਦੇ ਖੇਤਰ ਵਿੱਚ ਅੱਗੇ ਵਧਣ ਲਈ ਭਵਿੱਖ ਵਿੱਚ ਵੀ ਹਰ ਸੰਭਵ ਸਹਿਯੋਗ ਦਿੱਤਾ ਜਾਂਦਾ ਰਹੇਗਾ।

# ਸੁਖਪ੍ਰੀਤ ਸਿੰਘ ਸੁੱਖੀ ਮਾਨ ਨੇ ਸੰਭਾਲਿਆ ਵੇਰਕਾ ਮਿਲਕ ਪਲਾਂਟ ਬਠਿੰਡਾ ਦੇ ਚੇਅਰਮੈਨ ਦਾ ਅਹੁਦਾ



**ਬਠਿੰਡਾ, 11 ਅਕਤੂਬਰ (ਰਾਣਾ ਸ਼ਰਮਾ)**: ਵੇਰਕਾ ਮਿਲਕ ਪਲਾਂਟ ਬਠਿੰਡਾ ਦੇ ਨਵ-ਨਿਯੁਕਤ ਚੇਅਰਮੈਨ ਸੁਖਪ੍ਰੀਤ ਸਿੰਘ ਸੁੱਖੀ ਮਾਨ ਨੇ ਅੱਜ ਆਪਣੇ ਅਹੁਦੇ ਦੀ ਜ਼ਿੰਮੇਵਾਰੀ ਸੰਭਾਲ ਲਈ। ਇਸ ਮੌਕੇ ਪੰਜਾਬ ਕ੍ਰਿਕਟ ਐਸੋਸੀਏਸ਼ਨ ਦੇ ਪ੍ਰਧਾਨ ਅਮਰਜੀਤ ਮਹਿਤਾ ਅਤੇ ਬਠਿੰਡਾ ਦੇ ਮੇਅਰ ਪਦਮਜੀਤ ਸਿੰਘ ਮਹਿਤਾ ਨੇ ਉਨ੍ਹਾਂ ਦਾ ਸਵਾਗਤ ਕਰਦਿਆਂ ਚੇਅਰਮੈਨ ਦੀ ਕੁਰਸੀ 'ਤੇ ਬਿਠਾਇਆ ਅਤੇ ਨਵੀਂ ਜ਼ਿੰਮੇਵਾਰੀ ਲਈ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਅਮਰਜੀਤ ਮਹਿਤਾ ਅਤੇ ਪਦਮਜੀਤ ਸਿੰਘ ਮਹਿਤਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਮਿਹਨਤੀ ਅਤੇ ਸਮਰਪਿਤ ਵਰਕਰਾਂ ਨੂੰ ਬਣਦਾ ਮਾਣ-ਸਨਮਾਨ ਦੇ ਰਹੀ ਹੈ। ਜ਼ਿਕਰਯੋਗ ਹੈ ਕਿ ਪਿਛਲੇ ਦਿਨੀਂ ਵੇਰਕਾ ਮਿਲਕ ਪਲਾਂਟ ਦੇ ਡਾਇਰੈਕਟਰਾਂ ਦੀ ਮੀਟਿੰਗ ਅਤੇ ਚੇਅਰਮੈਨ ਦੀ ਚੋਣ ਦੌਰਾਨ ਸੁਖਪ੍ਰੀਤ ਸਿੰਘ ਸੁੱਖੀ ਮਾਨ ਨੂੰ ਇਸ ਅਹੁਦੇ ਲਈ ਚੁਣਿਆ ਗਿਆ ਸੀ। ਅਹੁਦਾ ਸੰਭਾਲਣ ਉਪਰੰਤ ਸੁੱਖੀ ਮਾਨ ਨੇ ਪਾਰਟੀ ਸੁਪਰੀਮੋ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਅਮਰਜੀਤ ਮਹਿਤਾ, ਮੇਅਰ ਪਦਮਜੀਤ ਸਿੰਘ ਮਹਿਤਾ, ਸਮੂਹ ਡਾਇਰੈਕਟਰਾਂ ਅਤੇ ਪਾਰਟੀ ਲੀਡਰਸ਼ਿਪ ਦਾ ਧੰਨਵਾਦ ਕੀਤਾ। ਇਸ ਮੌਕੇ ਵਿਧਾਇਕ ਮਾਸਟਰ ਜਗਸੀਰ ਸਿੰਘ, ਨੀਲ ਗਰਗ, ਰਾਜਨ ਅਮਰਦੀਪ ਸਿੰਘ, ਜਸਕਰਨ ਸਿੰਘ, ਵੇਰਕਾ ਪਲਾਂਟ ਦੇ ਜਨਰਲ ਮੈਨੇਜਰ ਆਰ.ਕੇ. ਪਟੇਲ, ਹਰਮੀਤ ਸਿੰਘ ਭੁੱਲਰ, ਲਾਭ ਸਿੰਘ ਜਗਰਾਮ ਤੀਰਥ, ਸੁਖਮੰਦਰ ਸਿੰਘ ਨਾਥਪੁਰਾ ਅਤੇ ਹੋਰ ਆਗੂਆਂ ਸਮੇਤ ਪਲਾਂਟ ਦੇ ਅਧਿਕਾਰੀ ਤੇ ਕਰਮਚਾਰੀ ਹਾਜ਼ਰ ਸਨ।

# ਖੇਡਾਂ ਵਤਨ ਪੰਜਾਬ ਦੀਆਂ' ਸੀਜ਼ਨ-4: ਸ਼ਤਰੰਜ ਅਤੇ ਵਾਲੀਬਾਲ ਸ਼ੂਟਿੰਗ ਦੇ ਫਾਈਨਲ ਮੁਕਾਬਲਿਆਂ 'ਚ ਖਿਡਾਰੀਆਂ ਨੇ ਦਿਖਾਇਆ ਜੌਹਰ



**ਜਲੰਧਰ, 11 ਅਕਤੂਬਰ (ਪਰਮਜੀਤ ਸਿੰਘ)**: ਖੇਡਾਂ ਵਤਨ ਪੰਜਾਬ ਦੀਆਂ' ਸੀਜ਼ਨ-4 ਤਹਿਤ ਸਰਕਾਰੀ ਆਰਟਸ ਜਲੰਧਰ ਵਿਖੇ ਰਾਜ ਪੱਧਰੀ ਖੇਡਾਂ ਦੇ ਵੱਖ-ਵੱਖ ਉਮਰ ਵਰਗਾਂ ਦੇ ਫਾਈਨਲ ਮੁਕਾਬਲੇ ਜ਼ਿਲ੍ਹਾ ਖੇਡ ਅਫ਼ਸਰ ਗੁਰਪ੍ਰੀਤ ਸਿੰਘ ਬਾਜਵਾ ਦੀ ਯੋਗ ਦੇਖ-ਰੇਖ ਹੇਠ ਸਫ਼ਲਤਾਪੂਰਵਕ ਸੰਪੰਨ ਹੋਏ। ਇਨ੍ਹਾਂ ਮੁਕਾਬਲਿਆਂ ਦੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਖੇਡ ਅਫ਼ਸਰ ਗੁਰਪ੍ਰੀਤ ਸਿੰਘ ਬਾਜਵਾ ਨੇ ਦੱਸਿਆ ਕਿ ਸ਼ਤਰੰਜ ਦੇ ਅੰਡਰ-17 ਉਮਰ ਵਰਗ ਵਿੱਚ ਜਲੰਧਰ ਨੇ ਪਹਿਲਾ, ਲੁਧਿਆਣਾ ਨੇ ਦੂਜਾ ਅਤੇ ਸੰਗਰੂਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ, ਜਦਕਿ ਅੰਡਰ-14 ਉਮਰ ਵਰਗ 'ਚ ਬਠਿੰਡਾ ਪਹਿਲੇ, ਜਲੰਧਰ ਦੂਜੇ ਅਤੇ ਐਸ.ਏ.ਐਸ. ਨਗਰ (ਮੋਹਾਲੀ) ਤੀਜੇ ਸਥਾਨ 'ਤੇ ਰਿਹਾ। ਵਾਲੀਬਾਲ ਸ਼ੂਟਿੰਗ ਦੇ ਨਤੀਜਿਆਂ ਦੀ ਗੱਲ ਕਰਦਿਆਂ ਉਨ੍ਹਾਂ ਦੱਸਿਆ ਕਿ ਕੱਚੀ ਵਾਲੀਬਾਲ ਅੰਡਰ-17 ਲੜਕੀਆਂ ਦੇ ਮੁਕਾਬਲੇ ਵਿੱਚ ਫਿਰੋਜ਼ਪੁਰ ਨੇ ਪਹਿਲਾ, ਫਾਜ਼ਿਲਕਾ ਨੇ ਦੂਜਾ, ਲੁਧਿਆਣਾ ਨੇ ਤੀਜਾ ਅਤੇ ਬਠਿੰਡਾ ਨੇ ਚੌਥਾ ਸਥਾਨ ਹਾਸਲ ਕੀਤਾ। ਪੱਕੀ ਵਾਲੀਬਾਲ ਦੇ ਅੰਡਰ-14 ਲੜਕੀਆਂ ਵਿੱਚ ਬਰਨਾਲਾ ਪਹਿਲੇ, ਫਾਜ਼ਿਲਕਾ ਦੂਜੇ, ਲੁਧਿਆਣਾ ਤੀਜੇ ਅਤੇ ਪਟਿਆਲਾ ਚੌਥੇ ਸਥਾਨ 'ਤੇ ਰਿਹਾ। ਅੰਡਰ-17 ਲੜਕੀਆਂ ਦੇ ਪੱਕੀ ਵਾਲੀਬਾਲ ਮੁਕਾਬਲੇ ਵਿੱਚ ਮਾਨਸਾ ਦੀ ਟੀਮ ਨੇ ਪਹਿਲਾ, ਸ੍ਰੀ ਮੁਕਤਸਰ ਸਾਹਿਬ ਨੇ ਦੂਜਾ, ਸੰਗਰੂਰ ਨੇ ਤੀਜਾ ਅਤੇ ਮਲੇਰਕੋਟਲਾ ਨੇ ਚੌਥਾ ਸਥਾਨ ਪ੍ਰਾਪਤ ਕੀਤਾ। ਪੱਕੀ ਵਾਲੀਬਾਲ ਅੰਡਰ-21 ਲੜਕੀਆਂ ਦੀ ਸ਼੍ਰੇਣੀ ਵਿੱਚ ਸੰਗਰੂਰ ਨੇ ਪਹਿਲਾ, ਸ੍ਰੀ ਮੁਕਤਸਰ ਸਾਹਿਬ ਨੇ ਦੂਜਾ, ਪਟਿਆਲਾ ਨੇ ਤੀਜਾ ਅਤੇ ਫਾਜ਼ਿਲਕਾ ਨੇ ਚੌਥਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਪੱਕੀ ਵਾਲੀਬਾਲ ਦੇ 21 ਤੋਂ 30 ਉਮਰ ਵਰਗ (ਲੜਕੇ) ਵਿੱਚ ਮਾਨਸਾ ਪਹਿਲੇ, ਬਰਨਾਲਾ ਦੂਜੇ, ਐਸ.ਏ.ਐਸ. ਨਗਰ ਤੀਜੇ ਅਤੇ ਫਾਜ਼ਿਲਕਾ ਚੌਥੇ ਸਥਾਨ 'ਤੇ ਰਿਹਾ।

# ਬਾਬਾ ਬੰਦਾ ਸਿੰਘ ਬਹਾਦਰ ਜੀ ਦਾ 356ਵਾਂ ਜਨਮ ਦਿਹਾੜਾ ਮਨਾਇਆ



**ਲੁਧਿਆਣਾ, 11 ਅਕਤੂਬਰ (ਸੂਰਜ)**: ਅੱਜ ਹਲਕਾ ਦੱਖਣੀ ਵਿੱਚ ਪੈਂਦੇ ਭਗਤ ਧੰਨਾ ਜੀ ਗੁਰਦੁਆਰਾ ਸਾਹਿਬ ਵਿਖੇ ਮਹਾਨ ਯੋਧੇ ਜਰਨੈਲ, ਕਿਸਾਨੀ ਦੇ ਮੁਕਤੀਦਾਤਾ ਬਾਬਾ ਬੰਦਾ ਸਿੰਘ ਬਹਾਦਰ ਜੀ ਦਾ 356ਵਾਂ ਜਨਮ ਉਤਸਵ ਪ੍ਰਧਾਨ ਗੁਰਦੁਆਰਾ ਪ੍ਰਬੰਧਕ ਕਮੇਟੀ ਖਜਾਨ ਸਿੰਘ, ਉੱਘੇ ਸਮਾਜਸੇਵੀ ਡਾ. ਤਜਿੰਦਰਪਾਲ ਸਿੰਘ ਅਤੇ ਬਾਬਾ ਬੰਦਾ ਸਿੰਘ ਬਹਾਦਰ ਅੰਤਰਰਾਸ਼ਟਰੀ ਫਾਊਂਡੇਸ਼ਨ ਦੇ ਪ੍ਰਧਾਨ ਕ੍ਰਿਸ਼ਨ ਕੁਮਾਰ ਬਾਵਾ, ਚੇਅਰਮੈਨ ਪੰਜਾਬ ਮਨਜੀਤ ਸਿੰਘ ਝੱਮਟ ਦੀ ਸਰਪ੍ਰਸਤੀ ਹੇਠ ਮਨਾਇਆ ਗਿਆ। ਇਸ ਸਮੇਂ ਡਾ. ਤਜਿੰਦਰਪਾਲ ਸਿੰਘ ਵੱਲੋ ਲੋੜਵੰਦ ਮਹਿਲਾਵਾਂ ਨੂੰ ਸ਼ਾਲ ਵੰਡੇ ਗਏ ਅਤੇ ਇਲਾਕੇ ਦੀਆਂ ਪ੍ਰਮੁੱਖ ਸ਼ਖ਼ਸ਼ੀਅਤਾਂ ਸੂਬੇਦਾਰ ਮੋਹਨ ਸਿੰਘ, ਅਮਿਤ ਕੁਮਾਰ, ਵਰਿੰਦਰ ਭੱਲਾ ਪ੍ਰਧਾਨ ਜਿਲ੍ਹਾ ਕਾਂਗਰਸ, ਦੀਪਕ ਸ਼ਰਮਾ, ਗੌਰਵ ਸੁਹਾਨਾ, ਕਪਿਲ ਸ਼ਰਮਾ, ਕਰਮ ਸਿੰਘ, ਵਿਧੀ ਚੰਦ, ਰਾਜ ਕੁਮਾਰ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਸਮੇਂ ਬੋਲਦੇ ਡਾ. ਤਜਿੰਦਰਪਾਲ ਸਿੰਘ, ਬਾਵਾ ਅਤੇ ਝੱਮਟ ਨੇ ਕਿਹਾ ਕਿ ਮਹਾਨ ਯੋਧੇ ਜਰਨੈਲ ਬਾਬਾ ਬੰਦਾ ਸਿੰਘ ਬਹਾਦਰ ਜੀ ਨੇ ਪਹਿਲੇ ਸਿੱਖ ਲੋਕ ਰਾਜ ਦੀ ਸਥਾਪਨਾ ਕਰਕੇ ਗੌਰਵਮਈ ਇਤਿਹਾਸ ਰਚਿਆ ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਨਾਮ 'ਤੇ ਸਿੱਕਾ ਅਤੇ ਮੋਹਰ ਜਾਰੀ ਕੀਤੀ ਇਸ ਸਮੇਂ ਸ੍ਰੀ ਬਾਵਾ ਨੇ ਪੰਜਾਬ ਸਰਕਾਰ ਤੋਂ ਬਾਬਾ ਬੰਦਾ ਸਿੰਘ ਬਹਾਦਰ ਜੀ ਦੇ 356ਵੇਂ ਜਨਮ ਉਤਸਵ 'ਤੇ 16 ਅਕਤੂਬਰ ਨੂੰ ਰੈਗੂਲਰ ਛੁੱਟੀ ਕਰਨ ਦੀ ਮੰਗ ਕੀਤੀ ਅਤੇ ਭਾਰਤ ਸਰਕਾਰ ਤੋਂ ਬਾਬਾ ਬੰਦਾ ਸਿੰਘ ਬਹਾਦਰ ਜੀ ਦੇ ਨਾਮ 'ਤੇ ਡਾਕ ਟਿਕਟ ਜਾਰੀ ਕਰਨ ਦੀ ਵੀ ਮੰਗ ਕੀਤੀ।

# ਬੇ ਮੌਸਮੀ ਪਈ ਬਰਸਾਤ ਨੇ ਮੰਡੀਆਂ ਵਿੱਚ ਕਿਸਾਨਾਂ ਦੀ ਫਸਲ ਦਾ ਕੀਤਾ ਨੁਕਸਾਨ। ਕਿਸਾਨ ਅਵਾਰਾ ਪਸ਼ੂਆਂ ਤੋਂ ਵੀ ਦੁਖੀ




**ਭਵਾਨੀਗੜ੍ਹ, 11 ਅਕਤੂਬਰ (ਵਿਜੈ ਗਰਗ)**: ਅੱਜ ਸਵੇਰੇ ਭਵਾਨੀਗੜ੍ਹ ਵਿੱਚ ਆਈ ਬੇ ਮੌਸਮੀ ਬਰਸਾਤ ਨੇ ਮੰਡੀਆਂ ਚ ਪਈ ਕਿਸਾਨਾਂ ਦੀ ਫਸਲ ਦਾ ਕੀਤਾ ਨੁਕਸਾਨ ਕਿਸਾਨਾਂ ਨੂੰ ਚਿੱਤ ਚੇਤਾ ਵੀ ਨਹੀਂ ਸੀ ਕਿ ਇਕਦਮ ਬਾਹਰ ਆ ਜਾਵੇਗੀ ਕਿਸਾਨਾਂ ਨੂੰ ਆਪਣੀ ਫਸਲ ਸੰਭਾਲਣ ਦਾ ਵੀ ਮੌਕਾ ਨਾ ਮਿਲਿਆ ਕਈ ਕਿਸਾਨਾਂ ਦੀ ਫਸਲ ਬੋਰੀਆਂ ਵਿੱਚ ਭਰੀ ਪਈ ਸੀ ਅਤੇ ਕਈ ਕਿਸਾਨਾ ਦੀ ਫਸਲ ਖੁੱਲੇ ਅਸਮਾਨ ਵਿੱਚ ਹੀ ਬਿਨਾ ਭਰੇ ਪਈ ਸੀ। ਉਹਨਾਂ ਨੂੰ ਤਰਪਾਲਾਂ ਲਿਆ ਕੇ ਢੱਕਣ ਦਾ ਮੌਕਾ ਵੀ ਨਾ ਮਿਲਿਆ ਕਿਸਾਨਾਂ ਦਾ ਬਹੁਤ ਜਿਆਦਾ ਨੁਕਸਾਨ ਹੋ ਗਿਆ ਕਿਸਾਨਾਂ ਦਾ ਜਿੱਥੇ ਬਾਰਸ ਨੇ ਨੁਕਸਾਨ ਕੀਤਾ ਹੈ ਉੱਥੇ ਮੰਡੀ ਚ ਘੁੰਮ ਰਹੇ ਅਵਾਰਾ ਪਸ਼ੂਆਂ ਨੇ ਵੀ ਕੋਈ ਘੱਟ ਨੁਕਸਾਨ ਨਹੀਂ ਕੀਤਾ ਪਤਾ ਨਹੀਂ ਲੱਗਦਾ ਕਿ ਪ੍ਰਸ਼ਾਸਨ ਕਿਹੜੀ ਕੁੰਭ ਕਰਨ ਦੀ ਨੀਂਦ ਸੁੱਤਾ ਪਿਆ ਕਿ ਉਨਾ ਨੂੰ ਮੰਡੀ ਦੇ ਵਿੱਚ ਫਿਰ ਰਹੇ ਦਰਜਣਾ ਅਵਾਰਾ ਪਸ਼ੂ ਨਹੀਂ ਦਿਖਦੇ ਜੋ ਕਿਸਾਨਾਂ ਦੀਆਂ ਫਸਲਾਂ ਦਾ ਨੁਕਸਾਨ ਕਰ ਰਹੇ ਹਨ ਇਹ ਅਵਾਰਾ ਪਸ਼ੂ ਰਾਤ ਨੂੰ ਮੰਡੀ ਵਿੱਚ ਆਪਣੀ ਫਸਲ ਦੀ ਰਾਖੀ ਕਰ ਰਹੇ ਕਿਸਾਨਾ ਨੂੰ ਸੌਣ ਵੀ ਨਹੀਂ ਦਿੰਦੇ ਲੋਕਾਂ ਦੀ ਫਸਲ ਦੇ ਉੱਪਰ ਚੜ ਕੇ ਬਰਬਾਦ ਕਰਦੇ ਹਨ ਕਿਸਾਨਾਂ ਨੂੰ ਸਾਰੇ ਪਾਸਿਓਂ ਮਾਰਾ ਹੀ ਪੈਂਦੀਆਂ ਹਨ ਜਿੱਥੇ ਬੇ ਮੌਸਮੀਆਂ ਬਾਰਸਾਂ ਫਸਲ ਦਾ ਨੁਕਸਾਨ ਕਰਦੀਆਂ ਹਨ ਉੱਥੇ ਸਰਕਾਰਾਂ ਵੀ ਕਿਸਾਨਾਂ ਨੂੰ ਬਣਦੇ ਫਸਲਾਂ ਦੇ ਰੇਟ ਨਹੀਂ ਦਿੰਦੀਆਂ ਖਾਦਾਂ ਅਤੇ ਕੀੜੇਮਾਰ ਦਵਾਈਆਂ ਦੇ ਰੇਟ ਲਗਾਤਾਰ ਵਧ ਰਹੇ ਹਨ ਜਦਕਿ ਫਸਲਾਂ ਦੇ ਰੇਟ ਉਤ ਮੁਤਾਬਿਕ ਨਹੀਂ ਵੱਧਦੇ.

# ਕਾਂਗਰਸ ਆਗੂ ਮੁਜ਼ੰਮਿਲ ਅਲੀ ਖਾਨ ਵੱਲੋਂ ਅੰਬਾਲਾ ਡੀ.ਆਰ.ਐਮ. ਨਾਲ ਮੁਲਾਕਾਤ




**ਮਾਲੇਰਕੋਟਲਾ, 11 ਅਕਤੂਬਰ (ਮੁਨਸ਼ੀ ਫ਼ਾਰੂਕ)**: ਬੀਤੇ ਦਿਨੀਂ ਪੰਜਾਬ ਯੂਥ ਕਾਂਗਰਸ ਦੇ ਉਪ ਪ੍ਰਧਾਨ ਮੁਜ਼ੰਮਿਲ ਅਲੀ ਖਾਨ ਦੀ ਅਗਵਾਈ ਹੇਠ ਇੱਕ ਵਫਦ ਨੇ ਅੰਬਾਲਾ ਹੈੱਡਕੁਆਰਟਰ ਵਿਖੇ ਡਵੀਜ਼ਨਲ ਰੇਲਵੇ ਮੈਨੇਜਰ (ਡੀ.ਆਰ.ਐਮ.), ਅੰਬਾਲਾ ਡਵੀਜ਼ਨ ਨੂੰ ਮਿਲ ਕੇ ਜ਼ਿਲ੍ਹਾ ਮਾਲੇਰਕੋਟਲਾ ਦੀ ਰੇਲ ਕਨੈਕਟੀਵਿਟੀ ਸਬੰਧੀ ਵਿਸਥਾਰਿਤ ਮੰਗ ਪੱਤਰ ਸੌਂਪਿਆ।ਇਸ ਸਬੰਧੀ ਮੁਜ਼ੰਮਿਲ ਅਲੀ ਖਾਂ ਨੇ ਦੱਸਿਆ ਕਿ ਮਾਲੇਰਕੋਟਲਾ 2 ਜੂਨ 2021 ਨੂੰ ਵੱਖਰਾ ਜ਼ਿਲ੍ਹਾ ਬਣਿਆ,ਜਿਸ ਦੀ 2011 ਦੀ ਜਨਗਣਨਾ ਅਨੁਸਾਰ ਅਬਾਦੀ 4,29,754 ਹੈ ਤੇ ਇਸ ਜ਼ਿਲ੍ਹੇ ਵਿੱਚ 192 ਪਿੰਡ ਅਤੇ 3 ਸਬ ਡਵੀਜਨਾ ਹਨ। ਜਦੋਂ ਕਿ ਮਾਲੇਰਕੋਟਲਾ ਰੇਲਵੇ ਸਟੇਸ਼ਨ ਅੰਮ੍ਰਿਤ ਭਾਰਤ ਸਟੇਸ਼ਨ ਸਕੀਮ ਤਹਿਤ ਵਿਕਸਿਤ ਹੋ ਰਿਹਾ ਹੈ, ਪਰ ਕਈ ਮਹੱਤਵਪੂਰਨ ਸੁਪਰਫਾਸਟ ਟਰੇਨਾਂ ਬਿਨਾਂ ਰੁਕੇ ਲੰਘ ਜਾਂਦੀਆਂ ਹਨ, ਜਿਸ ਕਾਰਨ ਲੋਕਾਂ ਨੂੰ ਧੂਰੀ/ਲੁਧਿਆਣਾ ਜਾਣਾ ਪੈਂਦਾ ਹੈ। ਉਹਨਾਂ ਦੱਸਿਆ ਕਿ ਮੈਂ ਡੀ ਐਮ ਆਰ ਨੂੰ ਤਿੰਨ ਵੱਡੀਆਂ ਮੰਗਾਂ ਵੱਲ ਧਿਆਨ ਦਿਵਾਉਂਦਿਆਂ ਮੰਗ ਕੀਤੀ ਕਿ ਮਾਲੇਰਕੋਟਲਾ ਵਿਖੇ 5 ਐਕਸਪ੍ਰੈਸ ਟਰੇਨਾਂ 22479/80 - ਸਰਬੱਤ ਦਾ ਭਲਾ ਐਕਸਪ੍ਰੈਸ 22485/86 - ਨਵੀਂ ਦਿੱਲੀ-ਫਿਰੋਜ਼ਪੁਰ ਇੰਟਰਸਿਟੀ ਐਸ.ਐਫ.12421/22 - ਹਜ਼ੂਰ ਸਾਹਿਬ ਨਾਂਦੇੜ-ਅੰਮ੍ਰਿਤਸਰ ਐਸ.ਐਫ. 20985/86 - ਕੋਟਾ-ਊਧਮਪੁਰ ਐਸ.ਐਫ 22941/42 - ਊਧਮਪੁਰ-ਇੰਦੌਰ ਐਸ.ਐਫ.ਦਾ ਠਹਿਰਾਇਆ ਹੈ।ਇਸ ਦੇ ਨਾਲ ਇਹ ਮੰਗ ਕੀਤੀ ਕਿ ਜਾਖਲ-ਲੁਧਿਆਣਾ ਰੇਲਵੇ ਲਾਈਨ (ਵਾਇਆ ਮਾਲੇਰਕੋਟਲਾ-ਧੂਰੀ) ਨੂੰ ਡਬਲ ਕਰਨਾ (104 ਕਿ.ਮੀ.): ਇਹ ਸਿੰਗਲ ਲਾਈਨ ਬਹੁਤ ਭੀੜ ਵਾਲੀ ਹੈ। ਇਹ ਲਾਇਨ ਡਬਲ ਹੋਣ ਨਾਲ ਕਿਉਕ ਮਾਲੇਰਕੋਟਲਾ ਵਿਚ ਵੱਡੇ ਪੱਧਰ ਤੇ ਇੰਡਸਟਰੀ ਹੋਣ ਕਾਰਨ ਦੇ ਯਾਤਰੀਆਂ ਨੂੰ ਫਾਇਦਾ ਹੋਵੇਗਾ ਅਤੇ ਮਾਲੇਰਕੋਟਲਾ ਤੋਂ ਰਿਸ਼ੀਕੇਸ਼ ਵਾਇਆ ਸਹਾਰਨਪੁਰ ਨਵੀਂ ਟਰੇਨ ਦਾ ਰੂਟ ਮਾਲੇਰਕੋਟਲਾ-ਧੂਰੀ-ਪਟਿਆਲਾ-ਰਾਜਪੁਰਾ-ਅੰਬਾਲਾ-ਯਮੁਨਾਨਗਰ-ਸਹਾਰਨਪੁਰ-ਰੁੜਕੀ-ਹਰਿਦੁਆਰ-ਰਿਸ਼ੀਕੇਸ਼। ਚਾਰ ਧਾਮ ਯਾਤਰੀਆਂ, ਵਿਦਿਆਰਥੀਆਂ ਅਤੇ ਏਮਜ਼ ਰਿਸ਼ੀਕੇਸ਼ ਜਾਣ ਵਾਲੇ ਮਰੀਜ਼ਾਂ ਲਈ ਲਾਹੇਵੰਦ ਹੋਵੇਗਾ। ਮੁਜ਼ੰਮਿਲ ਅਲੀ ਖਾਨ ਵਲੋਂ ਦਿਤੇ ਉਕਤ ਮੰਗ ਪੱਤਰ ਨੂੰ ਲੋਹਾ ਬਜ਼ਾਰ ਮੈਨੂਫੈਕਚਰਰਜ਼ ਐਂਡ ਟਰੇਡਰਜ਼ ਐਸੋਸੀਏਸ਼ਨ ਅਤੇ ਫਾਰਮਾਸਿਸਟ ਐਸੋਸੀਏਸ਼ਨ, ਮਾਲੇਰਕੋਟਲਾ ਨੇ ਸਮਰਥਨ ਦਿੱਤਾ ਹੈ। ਮੁੰਜ਼ਮਿਲ ਅਲੀ ਖਾਨ ਨੇ ਦੱਸਿਆ ਕਿ ਡੀ.ਆਰ.ਐਮ. ਨੇ ਭਰੋਸਾ ਦਿੱਤਾ ਹੈ ਕਿ ਕਮਰਸ਼ੀਅਲ ਅਤੇ ਓਪਰੇਟਿੰਗ ਬ੍ਰਾਂਚਾਂ ਵੱਲੋਂ ਜਾਂਚ ਕਰਵਾ ਕੇ ਮੰਗਾਂ ਦਾ ਹੱਲ ਜ਼ਰੂਰ ਕੀਤਾ ਜਾਵੇਗਾ।

# 54 ਪਿੰਡਾਂ ਅਤੇ 33 ਵਾਰਡਾਂ ਦੇ ਵਸਨੀਕਾਂ ਨੇ ਗੁਰਮੀਤ ਸਿੰਘ ਸੰਧੂ ਨੂੰ ਆਜ਼ਾਦ ਉਮੀਦਵਾਰ ਵਜੋਂ ਚੋਣ ਮੈਦਾਨ ਵਿੱਚ ਉਤਾਰਨ ਦਾ ਰੱਖਿਆ ਪ੍ਰਸਤਾਵ




**ਮਾਲੇਰਕੋਟਲਾ, 11 ਅਕਤੂਬਰ (ਮੁਨਸ਼ੀ ਫ਼ਾਰੂਕ)**: ਸਿਆਸੀ ਨੁਮਾਇੰਦਗੀ, ਵਿਕਾਸ ਅਤੇ ਚੁਣੇ ਹੋਏ ਨੁਮਾਇੰਦਿਆਂ ਦੀ ਜਵਾਬਦੇਹੀ ਬਾਰੇ ਚਰਚਾ ਕਰਨ ਲਈ, ਅੱਜ ਸਵੇਰੇ 10:00 ਵਜੇ ਮਾਲੇਰਕੋਟਲਾ-ਰਾਏਕੋਟ ਰੋਡ 'ਤੇ ਸਥਿਤ ਸ਼ੇਰਗੜ੍ਹ ਚੀਮਾ ਦੇ 'ਰਾਜ ਪੈਲੇਸ' ਵਿਖੇ 54 ਪਿੰਡਾਂ ਤੇ 33 ਵਾਰਡਾਂ ਅਤੇ ਮਾਲੇਰਕੋਟਲਾ ਸ਼ਹਿਰ ਦੇ ਵਸਨੀਕ ਵੱਡੀ ਗਿਣਤੀ ਵਿੱਚ ਇਕੱਠੇ ਹੋਏ। ਇਸ ਇਕੱਠ ਵਿੱਚ ਪਿੰਡ ਦੀਆਂ ਪੰਚਾਇਤਾਂ ਦੇ ਮੈਂਬਰਾਂ, ਵਾਰਡ ਨੁਮਾਇੰਦਿਆਂ ਅਤੇ ਸਥਾਨਕ ਵਸਨੀਕਾਂ ਨੇ ਹਿੱਸਾ ਲਿਆ। ਮੀਟਿੰਗ ਦੌਰਾਨ, ਆਗਾਮੀ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਗੁਰਮੀਤ ਸਿੰਘ ਸੰਧੂ ਨੂੰ ਆਜ਼ਾਦ ਉਮੀਦਵਾਰ ਵਜੋਂ ਚੋਣ ਮੈਦਾਨ ਵਿੱਚ ਉਤਾਰਨ ਦਾ ਪ੍ਰਸਤਾਵ ਪੇਸ਼ ਕੀਤਾ ਗਿਆ। ਪ੍ਰਬੰਧਕਾਂ ਅਨੁਸਾਰ, ਹਾਜ਼ਰੀਨ ਨੇ ਇਸ ਪ੍ਰਸਤਾਵ ਦਾ ਸਮਰਥਨ ਕੀਤਾ। ਗੁਰਮੀਤ ਸਿੰਘ ਸੰਧੂ ਤਿੰਨ ਵਾਰ ਮਹਮਦਪੁਰ ਦੇ ਸਰਪੰਚ ਰਹਿ ਚੁੱਕੇ ਤੇ ਹੁਣ 4 ਵਾਰ ਮੌਕੇ ਦੇ ਸਰਪੰਚ ਹਨ ਅਤੇ ਸ਼੍ਰੋਮਣੀ ਅਕਾਲੀ ਦਲ ਵਿੱਚ ਵੱਖ-ਵੱਖ ਅਹੁਦਿਆਂ 'ਤੇ ਕੰਮ ਕਰ ਚੁੱਕੇ ਹਨ। ਮੀਟਿੰਗ ਦੌਰਾਨ, ਬੁਲਾਰਿਆਂ ਨੇ ਸੜਕਾਂ, ਬੁਨਿਆਦੀ ਢਾਂਚੇ, ਸਿੱਖਿਆ ਅਤੇ ਰੁਜ਼ਗਾਰ ਦੇ ਮੌਕਿਆਂ ਨੂੰ ਬਿਹਤਰ ਬਣਾਉਣ ਦੀ ਲੋੜ 'ਤੇ ਜ਼ੋਰ ਦਿੱਤਾ। ਖਾਸ ਤੌਰ 'ਤੇ ਸੰਦੌੜ ਵਿੱਚ ਉੱਚ-ਸਿੱਖਿਆ ਸਹੂਲਤਾਂ ਦੀ ਘਾਟ ਦਾ ਮੁੱਦਾ ਉਠਾਇਆ ਗਿਆ। ਪ੍ਰਬੰਧਕਾਂ ਨੇ ਚੁਣੇ ਹੋਏ ਨੁਮਾਇੰਦਿਆਂ ਦੀ ਜਵਾਬਦੇਹੀ ਬਾਰੇ ਵੀ ਸਵਾਲ ਉਠਾਏ। 'ਓਪੀਨੀਅਨ ਆਫ਼ ਪੰਜਾਬ' (Opinion of Punjab) ਵੱਲੋਂ ਇਕੱਤਰ ਕੀਤੀ ਗਈ ਜਾਣਕਾਰੀ ਦਾ ਹਵਾਲਾ ਦਿੰਦਿਆਂ, ਉਨ੍ਹਾਂ ਦਾਅਵਾ ਕੀਤਾ ਕਿ ਮਾਲੇਰਕੋਟਲਾ ਦੇ ਵਿਧਾਇਕ ਨੇ ਪੰਜਾਬ ਵਿਧਾਨ ਸਭਾ ਦੇ 60 ਤੋਂ ਵੱਧ ਸੈਸ਼ਨਾਂ ਵਿੱਚ ਹਿੱਸਾ ਲਿਆ, ਪਰ ਉਹ ਆਪਣੇ ਹਲਕੇ ਨਾਲ ਸਬੰਧਤ ਮੁੱਦੇ ਉਠਾਉਣ ਵਿੱਚ ਅਸਫਲ ਰਹੇ। ਇਸ ਤੋਂ ਇਲਾਵਾ, ਹਾਜ਼ਰੀਨ ਨੇ ਇਹ ਵਿਚਾਰ ਪ੍ਰਗਟਾਇਆ ਕਿ 'ਓਪੀਨੀਅਨ ਆਫ਼ ਪੰਜਾਬ' ਨੂੰ ਗੁਰਮੀਤ ਸਿੰਘ ਸੰਧੂ ਵਰਗੇ ਅਜਿਹੇ ਉਮੀਦਵਾਰਾਂ ਦਾ ਸਮਰਥਨ ਕਰਨਾ ਚਾਹੀਦਾ ਹੈ ਜੋ ਜਨਤਕ ਤੌਰ 'ਤੇ ਇਸ ਦੇ ਏਜੰਡੇ ਦੀ ਹਮਾਇਤ ਕਰਦੇ ਹਨ ਅਤੇ ਇਸ ਨੂੰ ਅੱਗੇ ਵਧਾਉਣ ਲਈ ਵਚਨਬੱਧ ਹਨ।

# ਸ੍ਰੀ ਮਾਛੀਵਾੜਾ ਸਾਹਿਬ ਵਿੱਚ ਵਾਪਰੇ ਦਰਦਨਾਕ ਹਾਦਸੇ ਸੜਕ ਹਾਦਸੇ ਵਿੱਚ ਬਜ਼ੁਰਗ ਵਿਅਕਤੀ ਦੀ ਮੌਤ





**ਸ੍ਰੀ ਮਾਛੀਵਾੜਾ ਸਾਹਿਬ, 11 ਅਕਤੂਬਰ (ਦਰਸ਼ਨ ਚੋਪੜਾ, ਰਾਜੀਵ ਕੁਮਾਰ ਰੋਜ਼ੀ, ਨਰੇਸ਼ ਭਾਟੀਆ)**: ਸਥਾਨਕ ਸਮਰਾਲਾ ਰੋਡ 'ਤੇ ਅੱਜ ਸਵੇਰੇ ਵਾਪਰੇ ਦਰਦਨਾਕ ਸੜਕ ਹਾਦਸੇ ਵਿਚ ਸ੍ਰੀ ਮਾਛੀਵਾੜਾ ਸਾਹਿਬ ਮੀਆਂ ਮੁਹੱਲਾ ਦੇ ਵਾਸੀ ਬਜ਼ੁਰਗ ਗੁਰਦੀਪ ਸਿੰਘ (82) ਦੀ ਮੌਤ ਹੋ ਗਈ। ਪ੍ਰਾਪਤ ਜਾਣਕਾਰੀ ਅਨੁਸਾਰ ਗੁਰਦੀਪ ਸਿੰਘ ਬੀਮਾਰ ਰਹਿ ਰਿਹਾ ਸੀ ਜੋ ਕਿਡਨੀ ਦੀ ਬੀਮਾਰੀ ਨਾਲ ਜੂਝ ਰਿਹਾ ਸੀ। ਅੱਜ ਸਵੇਰੇ ਉਹ ਕਾਰ ਰਾਹੀਂ ਆਪਣੀ ਲੜਕੀ ਨੂੰ ਨਾਲ ਲੈ ਕੇ ਹਸਪਤਾਲ ਵਿਚ ਡਾਇਲਿਸਿਸ ਕਰਵਾਉਣ ਜਾ ਰਿਹਾ ਸੀ ਕਿ ਸਾਹਮਣੇ ਸਮਰਾਲਾ ਤੋਂ ਆ ਰਹੀ ਕਾਰ ਨਾਲ ਸਿੱਧੀ ਟੱਕਰ ਹੋ ਗਈ। ਇਸ ਹਾਦਸੇ ਵਿਚ ਗੁਰਦੀਪ ਸਿੰਘ ਗੰਭੀਰ ਰੂਪ ਵਿਚ ਜ਼ਖ਼ਮੀ ਹੋ ਗਿਆ ਜਿਸ ਨੂੰ ਇਲਾਜ ਲਈ ਖੰਨਾ ਹਸਪਤਾਲ ਲਿਆਂਦਾ ਗਿਆ। ਖੰਨਾ ਵਿਖੇ ਉਸਦੀ ਹਾਲਤ ਗੰਭੀਰ ਦੇਖਦਿਆਂ ਰੈਫ਼ਰ ਕਰ ਦਿੱਤਾ ਗਿਆ ਪਰ ਸ਼ਾਮ ਨੂੰ ਜ਼ਖ਼ਮਾਂ ਦੀ ਤਾਬ ਨਾ ਝੱਲਦੇ ਉਨ੍ਹਾਂ ਦੀ ਮੌਤ ਹੋ ਗਈ। ਪੁਲਸ ਵੱਲੋਂ ਹਾਦਸਾਗ੍ਰਸਤ ਦੋਵੇਂ ਕਾਰਾਂ ਨੂੰ ਕਬਜੇ ਵਿਚ ਲੈ ਕੇ ਲਾਸ਼ ਨੂੰ ਪੋਸਟਮਾਰਟਮ ਲਈ ਮੁਰਦਾਘਰ ਵਿਚ ਰਖਵਾ ਦਿੱਤਾ ਹੈ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਪਰਗਟ ਸਿੰਘ ਨੇ ਦੱਸਿਆ ਕਿ ਪਰਿਵਾਰਕ ਮੈਂਬਰਾਂ ਦੇ ਬਿਆਨ ਦਰਜ ਕਰਨ ਉਪਰੰਤ ਕਾਰ ਚਾਲਕ ਖਿਲਾਫ਼ ਕਾਨੂੰਨੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ। ਇਸ ਹਾਦਸੇ ਵਿਚ ਮ੍ਰਿਤਕ ਗੁਰਦੀਪ ਸਿੰਘ ਦੀ ਧੀ ਸੇਵਾਮੁਕਤ ਲੈਕਚਰਾਰ ਰਵਿੰਦਰ ਕੌਰ ਪਿੰਕੀ ਦੇ ਵੀ ਸੱਟਾਂ ਲੱਗੀਆਂ ਜੋ ਕਿ ਇਲਾਜ ਲਈ ਹਸਪਤਾਲ ਦਾਖਲ ਹੈ।ਇਸ ਹਾਦਸੇ ਵਿਚ ਮ੍ਰਿਤਕ ਗੁਰਦੀਪ ਸਿੰਘ ਦੀ ਇੱਕ ਧੀ ਖੰਨਾ ਵਿਖੇ 'ਪੰਜਾਬ ਕੇਸਰੀ ਗਰੁੱਪ' ਦੇ ਪ੍ਰਤੀਨਿਧੀ ਕਮਲਜੀਤ ਸਿੰਘ ਕਮਲ ਨੂੰ ਵਿਆਹੀ ਹੋਈ ਹੈ। ਸਹੁਰਾ ਗੁਰਦੀਪ ਸਿੰਘ ਦੀ ਮੌਤ ਹੋਣ ਨਾਲ ਪਰਿਵਾਰ ਤੇ ਪੱਤਰਕਾਰ ਕਮਲਜੀਤ ਸਿੰਘ ਨੂੰ ਗਹਿਰਾ ਸਦਮਾ ਲੱਗਿਆ।

# 'ਮਹਾਰਾਜਾ ਅਗਰਸੈਨ ਹੈਲਥ ਕੇਅਰ ਸਰਵਿਸ ਸੋਸਾਇਟੀ ਪੰਜਾਬ' ਦੀ ਸਥਾਪਨਾ



**ਅਹਿਮਦਗੜ੍ਹ, 11 ਅਕਤੂਬਰ (ਕਮਲ ਅਰੋੜਾ)**: ਮਹਾਰਾਜਾ ਅਗਰਸੈਨ ਜੀ ਦੇ ਜਨਮ ਦਿਵਸ ਦੇ ਪਵਿੱਤਰ ਮੌਕੇ 'ਤੇ ਅੱਜ 'ਮਹਾਰਾਜਾ ਅਗਰਸੈਨ ਹੈਲਥ ਕੇਅਰ ਸਰਵਿਸ ਸੋਸਾਇਟੀ ਪੰਜਾਬ' ਦੀ ਸਥਾਪਨਾ ਕੀਤੀ ਗਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੰਸਥਾ ਦੇ ਮੀਡੀਆ ਸਲਾਹਕਾਰ ਮਹਾਂਵੀਰ ਗੋਇਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਇਸ ਸੋਸਾਇਟੀ ਨੂੰ ਗਠਿਤ ਕਰਨ ਦਾ ਮੁੱਖ ਉਦੇਸ਼ ਲੋੜਵੰਦਾਂ, ਖ਼ਾਸ ਕਰਕੇ ਅਗਰਵਾਲ ਸਮਾਜ ਦੇ ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰਾਂ ਨੂੰ ਬਿਹਤਰ ਸਿਹਤ ਸਹੂਲਤਾਂ ਮੁਹੱਈਆ ਕਰਵਾਉਣਾ ਹੈ, ਤਾਂ ਜੋ ਪੈਸੇ ਦੀ ਕਮੀ ਕਾਰਨ ਕੋਈ ਵੀ ਵਿਅਕਤੀ ਇਲਾਜ ਤੋਂ ਵਾਂਝਾ ਨਾ ਰਹੇ। ਉਨ੍ਹਾਂ ਅੱਗੇ ਦੱਸਿਆ ਕਿ ਇਹ ਸੋਸਾਇਟੀ ਮਹਾਰਾਜਾ ਅਗਰਸੈਨ ਜੀ ਦੇ ਸਮਾਜ ਸੇਵਾ, ਆਪਸੀ ਸਹਿਯੋਗ ਅਤੇ ਮਨੁੱਖਤਾ ਦੀ ਭਲਾਈ ਦੇ ਆਦਰਸ਼ਾਂ ਨੂੰ ਪੂਰੀ ਤਰ੍ਹਾਂ ਸਮਰਪਿਤ ਹੋ ਕੇ ਕੰਮ ਕਰੇਗੀ। ਸੰਸਥਾ ਦਾ ਮੁੱਖ ਨਿਸ਼ਾਨਾ ਸਿਹਤ ਅਤੇ ਸਿੱਖਿਆ ਵਰਗੇ ਬੁਨਿਆਦੀ ਖੇਤਰਾਂ ਵਿੱਚ ਲੋੜਵੰਦਾਂ ਨੂੰ ਸਹਾਰਾ ਦੇ ਕੇ ਇੱਕ ਸਿਹਤਮੰਦ, ਸਿੱਖਿਅਤ ਅਤੇ ਖੁਸ਼ਹਾਲ ਸਮਾਜ ਦੀ ਸਿਰਜਣਾ ਵਿੱਚ ਆਪਣਾ ਵਡਮੁੱਲਾ ਯੋਗਦਾਨ ਪਾਉਣਾ ਹੈ। ਮੀਡੀਆ ਸਲਾਹਕਾਰ ਨੇ ਇਹ ਵੀ ਸਪਸ਼ਟ ਕੀਤਾ ਕਿ ਇਸ ਨਵੀਂ ਬਣੀ ਸੰਸਥਾ ਦੇ ਸਮੂਹ ਅਹੁਦੇਦਾਰਾਂ ਦੀ ਚੋਣ ਜਲਦੀ ਹੀ ਸਰਵਸੰਮਤੀ ਨਾਲ ਕਰ ਲਈ ਜਾਵੇਗੀ ਅਤੇ ਇਸ ਤੋਂ ਤੁਰੰਤ ਬਾਅਦ ਸਮੁੱਚੇ ਪੰਜਾਬ ਵਿੱਚ ਸੋਸਾਇਟੀ ਵੱਲੋਂ ਲੋਕ ਭਲਾਈ ਦੇ ਕੰਮ ਸ਼ੁਰੂ ਕਰ ਦਿੱਤੇ ਜਾਣਗੇ।

# ਜਗਰਾਉਂ ਇਲਾਕੇ ਵਿੱਚ ਬੇਮੌਸਮੇ ਭਾਰੀ ਮੀਂਹ ਨੇ ਕਿਸਾਨਾਂ ਦੇ ਸਾਹ ਸੂਤੇ, ਪੱਕੀ ਝੋਨੇ ਦੀ ਫ਼ਸਲ 'ਤੇ ਮੰਡਰਾਉਣ ਲੱਗਾ ਨੁਕਸਾਨ ਦਾ ਖ਼ਤਰਾ



**ਜਗਰਾਉਂ, 11 ਅਕਤੂਬਰ (ਜਗਦੀਪ ਸਿੰਘ)**: ਜਗਰਾਉਂ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਪਏ ਭਾਰੀ ਬੇਮੌਸਮੇ ਮੀਂਹ ਨੇ ਕਿਸਾਨਾਂ ਦੇ ਸਾਹ ਸੂਤ ਦਿੱਤੇ ਹਨ। ਇੱਕ ਪਾਸੇ ਖੇਤਾਂ ਵਿੱਚ ਝੋਨੇ ਦੀ ਫ਼ਸਲ ਪੱਕ ਕੇ ਲਗਭਗ ਤਿਆਰ ਖੜ੍ਹੀ ਹੈ, ਜਦਕਿ ਦੂਜੇ ਪਾਸੇ ਕਿਸਾਨ ਆਪਣੀ ਮਹੀਨਿਆਂ ਦੀ ਮਿਹਨਤ ਨੂੰ ਸਮੇਂ ਸਿਰ ਸਮੇਟਣ ਅਤੇ ਫ਼ਸਲ ਨੂੰ ਮੰਡੀਆਂ ਤੱਕ ਪਹੁੰਚਾਉਣ ਦੀ ਕੋਸ਼ਿਸ਼ ਕਰ ਰਹੇ ਹਨ। ਅਜਿਹੇ ਸਮੇਂ ਹੋਈ ਬਾਰਿਸ਼ ਨੇ ਕਿਸਾਨਾਂ ਦੀਆਂ ਚਿੰਤਾਵਾਂ ਵਧਾ ਦਿੱਤੀਆਂ ਹਨ। ਕਿਸਾਨਾਂ ਨੂੰ ਡਰ ਹੈ ਕਿ ਜੇਕਰ ਮੀਂਹ ਦਾ ਸਿਲਸਿਲਾ ਜਾਰੀ ਰਹਿੰਦਾ ਹੈ ਤਾਂ ਖੇਤਾਂ ਵਿੱਚ ਖੜ੍ਹੀ ਪੱਕੀ ਫ਼ਸਲ ਦੇ ਨਾਲ-ਨਾਲ ਕਟਾਈ ਅਤੇ ਮੰਡੀਆਂ ਵਿੱਚ ਫ਼ਸਲ ਦੀ ਸੰਭਾਲ ਦਾ ਕੰਮ ਵੀ ਪ੍ਰਭਾਵਿਤ ਹੋ ਸਕਦਾ ਹੈ। ਝੋਨੇ ਦੀ ਫ਼ਸਲ ਕਿਸਾਨਾਂ ਲਈ ਸਾਲ ਭਰ ਦੀ ਮਿਹਨਤ ਅਤੇ ਖੇਤੀਬਾੜੀ 'ਤੇ ਕੀਤੇ ਖ਼ਰਚ ਦੀ ਵਾਪਸੀ ਦਾ ਅਹਿਮ ਸਮਾਂ ਹੁੰਦੀ ਹੈ। ਬੀਜਾਈ ਤੋਂ ਲੈ ਕੇ ਖਾਦਾਂ, ਕੀਟਨਾਸ਼ਕਾਂ, ਪਾਣੀ, ਡੀਜ਼ਲ ਅਤੇ ਮਜ਼ਦੂਰੀ ਤੱਕ ਕਿਸਾਨਾਂ ਨੂੰ ਭਾਰੀ ਖ਼ਰਚਾ ਕਰਨਾ ਪੈਂਦਾ ਹੈ। ਫ਼ਸਲ ਤਿਆਰ ਹੋਣ 'ਤੇ ਕਿਸਾਨਾਂ ਨੂੰ ਉਮੀਦ ਹੁੰਦੀ ਹੈ ਕਿ ਉਹ ਇਸ ਨੂੰ ਸਮੇਂ ਸਿਰ ਕੱਟ ਕੇ ਮੰਡੀ ਵਿੱਚ ਵੇਚਣਗੇ ਅਤੇ ਆਪਣੀ ਮਿਹਨਤ ਦਾ ਮੁੱਲ ਪ੍ਰਾਪਤ ਕਰਨਗੇ। ਪਰ ਫ਼ਸਲ ਪੱਕਣ ਦੇ ਆਖ਼ਰੀ ਪੜਾਅ 'ਤੇ ਹੋਈ ਬੇਮੌਸਮੀ ਬਾਰਿਸ਼ ਨੇ ਇਸ ਉਮੀਦ ਦੇ ਨਾਲ ਚਿੰਤਾ ਵੀ ਜੋੜ ਦਿੱਤੀ ਹੈ। ਭਾਰੀ ਮੀਂਹ ਕਾਰਨ ਜਿੱਥੇ ਖੇਤਾਂ ਵਿੱਚ ਪਾਣੀ ਖੜ੍ਹਨ ਦੀ ਸੰਭਾਵਨਾ ਬਣਦੀ ਹੈ, ਉੱਥੇ ਹੀ ਤੇਜ਼ ਹਵਾਵਾਂ ਨਾਲ ਪੱਕੀ ਝੋਨੇ ਦੀ ਫ਼ਸਲ ਦੇ ਡਿੱਗਣ ਦਾ ਖ਼ਤਰਾ ਵੀ ਵਧ ਸਕਦਾ ਹੈ। ਜੇਕਰ ਫ਼ਸਲ ਲੰਬੇ ਸਮੇਂ ਤੱਕ ਪਾਣੀ ਵਿੱਚ ਖੜ੍ਹੀ ਰਹਿੰਦੀ ਹੈ ਤਾਂ ਦਾਣਿਆਂ ਦੀ ਗੁਣਵੱਤਾ ਪ੍ਰਭਾਵਿਤ ਹੋਣ ਅਤੇ ਕਟਾਈ ਵਿੱਚ ਦੇਰੀ ਹੋਣ ਦੀ ਸਮੱਸਿਆ ਪੈਦਾ ਹੋ ਸਕਦੀ ਹੈ। ਇਸ ਤੋਂ ਇਲਾਵਾ ਗਿੱਲੇ ਖੇਤਾਂ ਵਿੱਚ ਕੰਬਾਈਨਾਂ ਚਲਾਉਣਾ ਵੀ ਮੁਸ਼ਕਲ ਹੋ ਜਾਂਦਾ ਹੈ, ਜਿਸ ਕਾਰਨ ਕਿਸਾਨਾਂ ਨੂੰ ਫ਼ਸਲ ਦੀ ਕਟਾਈ ਲਈ ਹੋਰ ਇੰਤਜ਼ਾਰ ਕਰਨਾ ਪੈ ਸਕਦਾ ਹੈ। ਹਾਲਾਂਕਿ ਅਸਲ ਨੁਕਸਾਨ ਦਾ ਪਤਾ ਮੀਂਹ ਦੀ ਮਾਤਰਾ, ਖੇਤਾਂ ਵਿੱਚ ਪਾਣੀ ਖੜ੍ਹਨ ਦੀ ਸਥਿਤੀ ਅਤੇ ਮੌਸਮ ਅਗਲੇ ਦਿਨਾਂ ਵਿੱਚ ਕਿਹੋ ਜਿਹਾ ਰਹਿੰਦਾ ਹੈ, ਇਸ 'ਤੇ ਨਿਰਭਰ ਕਰੇਗਾ। ਦੂਜੇ ਪਾਸੇ ਜਗਰਾਉਂ ਅਤੇ ਆਲੇ-ਦੁਆਲੇ ਦੀਆਂ ਮੰਡੀਆਂ ਵਿੱਚ ਕਿਸਾਨਾਂ ਵੱਲੋਂ ਝੋਨਾ ਵੇਚਣ ਲਈ ਲਗਾਤਾਰ ਲਿਆਂਦਾ ਜਾ ਰਿਹਾ ਹੈ। ਅਜਿਹੇ ਵਿੱਚ ਮੀਂਹ ਕਾਰਨ ਮੰਡੀ ਵਿੱਚ ਪਹੁੰਚੀ ਫ਼ਸਲ ਨੂੰ ਸੁੱਕਾ ਰੱਖਣਾ, ਉਸ ਦੀ ਸੰਭਾਲ ਕਰਨੀ ਅਤੇ ਖ਼ਰੀਦ ਤੋਂ ਬਾਅਦ ਸਮੇਂ ਸਿਰ ਚੁਕਾਈ ਯਕੀਨੀ ਬਣਾਉਣਾ ਵੀ ਅਹਿਮ ਹੋ ਜਾਂਦਾ ਹੈ। ਮੰਡੀ ਵਿੱਚ ਝੋਨੇ ਦੀ ਆਮਦ ਦੇ ਦੌਰਾਨ ਤਰਪਾਲਾਂ, ਨਿਕਾਸੀ ਪ੍ਰਬੰਧਾਂ ਅਤੇ ਫ਼ਸਲ ਨੂੰ ਸੁਰੱਖਿਅਤ ਥਾਵਾਂ 'ਤੇ ਰੱਖਣ ਦੀ ਵਿਵਸਥਾ ਬਹੁਤ ਜ਼ਰੂਰੀ ਹੋ ਜਾਂਦੀ ਹੈ। ਕਿਸਾਨਾਂ ਦੀ ਮੰਗ ਹੈ ਕਿ ਮੌਸਮ ਦੀ ਨਾਜ਼ੁਕ ਸਥਿਤੀ ਨੂੰ ਦੇਖਦਿਆਂ ਮੰਡੀਆਂ ਵਿੱਚ ਫ਼ਸਲ ਦੀ ਸੁਰੱਖਿਆ ਲਈ ਲੋੜੀਂਦੇ ਪ੍ਰਬੰਧ ਯਕੀਨੀ ਬਣਾਏ ਜਾਣ, ਤਾਂ ਜੋ ਉਨ੍ਹਾਂ ਦੀ ਮਿਹਨਤ ਦੀ ਕਮਾਈ ਨੂੰ ਕਿਸੇ ਤਰ੍ਹਾਂ ਦਾ ਨੁਕਸਾਨ ਨਾ ਪਹੁੰਚੇ।

# ਭਾਰਤ-ਪਾਕਿਸਤਾਨ ਜੰਗ ਦੇ ਸ਼ਹੀਦ ਮੇਜਰ ਕੁਲਦੀਪ ਸਿੰਘ ਦੀ ਬਰਸੀ ਮਨਾਈ



**ਜਗਰਾਉਂ, 11 ਅਕਤੂਬਰ (ਜਗਦੀਪ ਸਿੰਘ)**: 1965 ਦੀ ਭਾਰਤ-ਪਾਕਿਸਤਾਨ ਜੰਗ ਦੌਰਾਨ ਦੇਸ਼ ਦੀ ਰੱਖਿਆ ਕਰਦਿਆਂ ਸ਼ਹਾਦਤ ਦਾ ਜਾਮ ਪੀਣ ਵਾਲੇ ਮੇਜਰ ਕੁਲਦੀਪ ਸਿੰਘ ਦੀ ਸਾਲਾਨਾ ਬਰਸੀ ਉਨ੍ਹਾਂ ਦੇ ਜੱਦੀ ਪਿੰਡ ਸੂਜਾਪੁਰ ਹਾਂਸ ਦੇ ਸਰਕਾਰੀ ਸਕੂਲ ਵਿਖੇ ਸ਼ਰਧਾ ਅਤੇ ਸਤਿਕਾਰ ਨਾਲ ਮਨਾਈ ਗਈ। ਇਸ ਮੌਕੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪਾਏ ਗਏ। ਉਪਰੰਤ ਭਾਈ ਸੁਰਜੀਤ ਸਿੰਘ ਰੂਮੀ ਵਾਲਿਆਂ ਦੇ ਜਥੇ ਨੇ ਕਥਾ-ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਅਤੇ ਸ਼ਹੀਦ ਮੇਜਰ ਕੁਲਦੀਪ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ। ਇਸ ਮੌਕੇ ਮਾਸਟਰ ਸੰਦੀਪ ਸਿੰਘ ਅਤੇ ਕਰਨਲ ਮੁਖਤਿਆਰ ਸਿੰਘ ਨੇ ਸੰਬੋਧਨ ਕਰਦਿਆਂ ਸ਼ਹੀਦ ਮੇਜਰ ਕੁਲਦੀਪ ਸਿੰਘ ਦੇ ਜੀਵਨ ਅਤੇ ਦੇਸ਼ ਲਈ ਦਿੱਤੀ ਮਹਾਨ ਕੁਰਬਾਨੀ ਬਾਰੇ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਦੱਸਿਆ ਕਿ ਮੇਜਰ ਕੁਲਦੀਪ ਸਿੰਘ ਸਾਲ 1962 ਵਿੱਚ ਮੁਹਾਰ ਰੈਜੀਮੈਂਟ ਵਿੱਚ ਭਰਤੀ ਹੋਏ ਸਨ ਅਤੇ ਉਨ੍ਹਾਂ ਨੇ ਬੀ.ਐਸ.ਸੀ. ਦੀ ਪੜ੍ਹਾਈ ਸਰਕਾਰੀ ਕਾਲਜ ਲੁਧਿਆਣਾ ਤੋਂ ਪ੍ਰਾਪਤ ਕੀਤੀ ਸੀ। ਉਨ੍ਹਾਂ ਨੇ 1965 ਦੀ ਭਾਰਤ-ਪਾਕਿਸਤਾਨ ਜੰਗ ਦੌਰਾਨ ਜੰਮੂ-ਕਸ਼ਮੀਰ ਦੇ ਪੁੰਛ ਜ਼ਿਲ੍ਹੇ ਦੇ ਰਾਜਾ ਪੈਕਟ ਵਿਖੇ ਦੇਸ਼ ਦੀ ਰੱਖਿਆ ਕਰਦਿਆਂ ਸ਼ਹਾਦਤ ਪ੍ਰਾਪਤ ਕੀਤੀ। ਬੁਲਾਰਿਆਂ ਨੇ ਸ਼ਹੀਦ ਦੇ ਪਰਿਵਾਰ ਬਾਰੇ ਵੀ ਜਾਣਕਾਰੀ ਸਾਂਝੀ ਕੀਤੀ ਅਤੇ ਉਨ੍ਹਾਂ ਦੀ ਕੁਰਬਾਨੀ ਨੂੰ ਯਾਦ ਕੀਤਾ। ਇਸ ਮੌਕੇ ਐਸ.ਪੀ. ਮਨਜੀਤ ਸਿੰਘ ਨੇ ਕਿਹਾ ਕਿ ਮੇਜਰ ਕੁਲਦੀਪ ਸਿੰਘ ਸਿਰਫ਼ ਪਿੰਡ ਦਾ ਹੀ ਨਹੀਂ, ਸਗੋਂ ਪੂਰੇ ਦੇਸ਼ ਦਾ ਮਾਣ ਸਨ ਅਤੇ ਉਨ੍ਹਾਂ ਦੀ ਸ਼ਹਾਦਤ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ। ਇਸ ਮੌਕੇ ਕੈਪਟਨ ਦਰਸ਼ਨ ਸਿੰਘ, ਕੈਪਟਨ ਬਲੌਰ ਸਿੰਘ, ਡਾ. ਗੁਰਵਿੰਦਰ ਸਿੰਘ, ਕੈਪਟਨ ਨਾਹਰ ਸਿੰਘ, ਸਰਪੰਚ ਸਿਮਰਜੀਤ ਕੌਰ, ਕੈਪਟਨ ਗੁਲਜ਼ਾਰ ਸਿੰਘ, ਬਾਗ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਕਾਂਗਰਸ ਪ੍ਰਧਾਨ ਪ੍ਰਗਟ ਸਿੰਘ ਦੇ ਤਾਜਪੋਸ਼ੀ ਸਮਾਗਮ ਲਈ ਜਗਰਾਓਂ ਤੋਂ ਸੁਖਵਿੰਦਰ ਸਿੱਧੂ ਦੀ ਅਗਵਾਈ ਹੇਠ ਕਾਂਗਰਸੀਆਂ ਦਾ ਕਾਫ਼ਲਾ ਰਵਾਨਾ



**ਜਗਰਾਓਂ, 11 ਅਕਤੂਬਰ (ਜਗਦੀਪ ਸਿੰਘ)**: ਕਾਂਗਰਸ ਪਾਰਟੀ ਦੇ ਨਵਨਿਯੁਕਤ ਪ੍ਰਧਾਨ ਪ੍ਰਗਟ ਸਿੰਘ ਦੇ ਤਾਜਪੋਸ਼ੀ ਸਮਾਗਮ ਵਿੱਚ ਸ਼ਮੂਲੀਅਤ ਕਰਨ ਲਈ ਜਗਰਾਓਂ ਤੋਂ ਕਾਂਗਰਸੀ ਆਗੂਆਂ, ਵਰਕਰਾਂ, ਯੂਥ ਆਗੂਆਂ, ਮੌਜੂਦਾ ਅਤੇ ਸਾਬਕਾ ਪੰਚਾਇਤੀ ਨੁਮਾਇੰਦਿਆਂ ਦਾ ਇੱਕ ਵਿਸ਼ਾਲ ਕਾਫ਼ਲਾ ਸੁਖਵਿੰਦਰ ਸਿੰਘ ਸਿੱਧੂ ਦੀ ਅਗਵਾਈ ਹੇਠ ਰਵਾਨਾ ਹੋਇਆ। ਇਸ ਮੌਕੇ ਕਾਂਗਰਸੀ ਆਗੂਆਂ ਅਤੇ ਵਰਕਰਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਕਾਫ਼ਲੇ ਵਿੱਚ ਸ਼ਹਿਰੀ ਅਤੇ ਦਿਹਾਤੀ ਖੇਤਰਾਂ ਦੇ ਵੱਡੀ ਗਿਣਤੀ ਵਿੱਚ ਆਗੂਆਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਸੁਖਵਿੰਦਰ ਸਿੰਘ ਸਿੱਧੂ ਤੋਂ ਇਲਾਵਾ ਸਾਬਕਾ ਪ੍ਰਧਾਨ ਜਤਿੰਦਰਪਾਲ ਰਾਣਾ, ਸਾਬਕਾ ਚੇਅਰਮੈਨ ਸਤਿੰਦਰਪਾਲ ਸਿੰਘ ਕਾਕਾ ਗਰੇਵਾਲ, ਸਾਬਕਾ ਪ੍ਰਧਾਨ ਰਾਜ ਕੁਮਾਰ ਮਲਹੋਤਰਾ, ਲੁਧਿਆਣਾ ਦਿਹਾਤੀ ਦੇ ਮੀਤ ਪ੍ਰਧਾਨ ਜਗਜੀਤ ਸਿੰਘ ਕਾਉਂਕੇ, ਜ਼ਿਲ੍ਹਾ ਯੂਥ ਕਾਂਗਰਸ ਪ੍ਰਧਾਨ ਹਰਜਾਪ ਸਿੰਘ ਗਿੱਲ, ਰਾਜੂ ਕਾਮਰੇਡ, ਭਜਨ ਸਵੱਦੀ, ਸੰਜੀਵ ਕੱਕੜ ਅਤੇ ਵਿਜੇ ਕਲਿਆਣ ਹਾਜ਼ਰ ਸਨ। ਇਸ ਤੋਂ ਇਲਾਵਾ ਯੂਥ ਕਾਂਗਰਸ ਜਗਰਾਓਂ ਦੇ ਪ੍ਰਧਾਨ ਮਨੀ ਗਰਗ, ਸੰਜੀਵ ਚੌਧਰੀ, ਜਗਦੀਪ ਸਿੰਘ ਸੇਖੋਂ, ਸਰਪੰਚ ਜੁਗਿੰਦਰ ਸਿੰਘ, ਗੁਰਵਿੰਦਰ ਸਿੰਘ ਪੋਨਾ, ਤਰਸੇਮ ਸਿੰਘ ਰਸੂਲਪੁਰ ਅਤੇ ਬਲਵੀਰ ਸਿੰਘ ਮਲਕ ਵੀ ਕਾਫ਼ਲੇ ਵਿੱਚ ਸ਼ਾਮਲ ਹੋਏ। ਕਾਫ਼ਲੇ ਵਿੱਚ ਸਾਬਕਾ ਸਰਪੰਚ ਪਰਮਜੀਤ ਸਿੰਘ ਸ਼ੇਰਪੁਰ ਖ਼ੁਰਦ, ਬਲਦੇਵ ਸਿੰਘ ਮੱਧੇਪੁਰ, ਸਰਪੰਚ ਮੋਹਿੰਦਰ ਸਿੰਘ ਮੱਧੇਪੁਰ, ਨੰਬਰਦਾਰ ਜੋਗਿੰਦਰ ਸਿੰਘ ਮਲਸੀਹਾਂ ਬਾਜਣ, ਬਲਾਕ ਸੰਮਤੀ ਮੈਂਬਰ ਜਗਦੀਸ਼ ਕੁਮਾਰ, ਸਰਪੰਚ ਰਣਜੀਤ ਸਿੰਘ ਸੋਢੀਵਾਲ, ਬੂਟਾ ਮੈਂਬਰ ਸੋਢੀਵਾਲ, ਮਨਦੀਪ ਸਿੰਘ ਪੱਤੀ ਮੁਲਤਾਨੀ, ਸਰਪੰਚ ਬਚਿੱਤਰ ਸਿੰਘ ਮਦਨ ਜਨੇਤਪੁਰਾ, ਕੁਲਵੰਤ ਸਿੰਘ ਤਿਹਾੜਾ, ਨੰਬਰਦਾਰ ਮੇਜਰ ਸਿੰਘ ਤਿਹਾੜਾ, ਮਨੀ ਜਨੇਤਪੁਰਾ, ਅੰਮ੍ਰਿਤ ਮੈਂਬਰ ਗ਼ਾਲਿਬ ਸਮੇਤ ਹੋਰ ਕਈ ਕਾਂਗਰਸੀ ਆਗੂ ਅਤੇ ਵਰਕਰ ਮੌਜੂਦ ਸਨ। ਕਾਂਗਰਸੀ ਆਗੂਆਂ ਦੀ ਵੱਡੀ ਸ਼ਮੂਲੀਅਤ ਨੇ ਸਮਾਗਮ ਪ੍ਰਤੀ ਉਨ੍ਹਾਂ ਦੇ ਉਤਸ਼ਾਹ ਨੂੰ ਦਰਸਾਇਆ। ਜਗਰਾਓਂ ਤੋਂ ਰਵਾਨਾ ਹੋਏ ਇਸ ਕਾਫ਼ਲੇ ਵਿੱਚ ਸ਼ਹਿਰੀ ਅਤੇ ਦਿਹਾਤੀ ਖੇਤਰਾਂ ਦੇ ਆਗੂਆਂ ਦੀ ਮੌਜੂਦਗੀ ਖ਼ਾਸ ਤੌਰ 'ਤੇ ਦੇਖਣ ਨੂੰ ਮਿਲੀ।

